# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 12-09-2025**

ਸੀ.ਪੀ ਰਾਧਾ-ਕ੍ਰਿਸ਼ਨਨ ਦੇਸ਼ ਦੇ 15ਵੇਂ ਉਪ ਰਾਸ਼ਟਰਪਤੀ ਬਣ ਗਏ ਨੇ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ ਉਨ੍ਹਾਂ ਨੂੰ ਅਹੁਦੇ ਅਤੇ ਭੇਦ ਗੁਪਤ ਰੱਖਣ ਦੀ ਦੀ ਸਹੁੰ ਚੁਕਾਈ।

BYTE

ਸਹੁੰ ਚੁੱਕ ਸਮਾਗਮ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ, ਸਾਬਕਾ ਉਪ ਰਾਸ਼ਟਰਪਤੀ ਜਗਦੀਪ ਧਨਖੜ, ਕੇਂਦਰੀ ਮੰਤਰੀ ਅਮਿਤ ਸ਼ਾਹ, ਰਾਜਨਾਥ ਸਿੰਘ, ਜੇ.ਪੀ ਨੱਡਾ, ਪਿਊਸ਼ ਗੋਇਲ ਅਤੇ ਨਿਤਿਨ ਗਡਕਰੀ ਮੌਜੂਦ ਰਹੇ । ਇਸ ਮਹੀਨੇ ਦੀ 9 ਤਾਰੀਖ਼ ਨੂੰ ਹੋਈ ਉਪ ਰਾਸ਼ਟਰਪਤੀ ਚੋਣ ਵਿੱਚ ਸ੍ਰੀ ਸੀ.ਪੀ ਰਾਧਾਕ੍ਰਿਸ਼ਨਨ ਨੇ ਜਿੱਤ ਪ੍ਰਾਪਤ ਕੀਤੀ। ਐਨ.ਡੀ.ਏ ਉਮੀਦਵਾਰ ਰਾਧਾਕ੍ਰਿਸ਼ਨਨ ਨੂੰ 452 ਵੋਟਾਂ ਮਿਲੀਆਂ। ਉਨ੍ਹਾਂ ਨੇ ਇੰਡੀਆ ਗਠਜੋੜ ਦੇ ਉਮੀਦਵਾਰ ਅਤੇ ਸੁਪਰੀਮ ਕੋਰਟ ਦੇ ਸਾਬਕਾ ਜੱਜ ਬੀ ਸੁਦਰਸ਼ਨ ਰੈਡੀ ਨੂੰ 152 ਵੋਟਾਂ ਨਾਲ ਹਰਾਇਆ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਆਜ਼ਾਦੀ ਦਿਵਸ 'ਤੇ ਲਾਲ ਕਿਲ੍ਹੇ ਦੀ ਫਸੀਲ ਤੋਂ, ਦੀਵਾਲੀ ਤੱਕ GST ਸੁਧਾਰਾਂ ਦੀ ਅਗਲੀ ਪੀੜ੍ਹੀ ਦਾ ਐਲਾਨ ਕੀਤਾ ਸੀ । ਉਨ੍ਹਾਂ ਦਾ ਸੁਪਨਾ ਉਦੋਂ ਸਾਕਾਰ ਹੋਇਆ ਜਦੋਂ 3 ਸਤੰਬਰ ਨੂੰ, GST ਕੌਂਸਲ ਨੇ ਦਰਾਂ ਨੂੰ ਤਰਕਸੰਗਤ ਬਣਾਉਣ, ਕਈ ਖੇਤਰਾਂ ਵਿੱਚ ਟੈਕਸ ਦਰਾਂ ਘਟਾਉਣ ਅਤੇ ਨਾਗਰਿਕਾਂ ਲਈ ਜੀਵਨ ਨੂੰ ਆਸਾਨ ਬਣਾਉਣ ਨੂੰ ਮਨਜ਼ੂਰੀ ਦੇ ਦਿੱਤੀ। ਆਮ ਲੋਕ ਖੁਸ਼ ਨੇ ਕਿ ਹੁਣ ਓਹ ਟੈਕਸ ਘਟਣ ਨਾਲ ਓਹ ਵਧੇਰੇ ਚੀਜ਼ਾਂ ਖਰੀਦ ਸਕਣਗੇ ।

BYTE

---------------------------------------------------------

ਸੀਮਾ ਸੁਰੱਖਿਆ ਬਲ  ਅਤੇ ਕੇਂਦਰੀ ਜਾਂਚ ਏਜੇਂਸੀ  ਫਾਜ਼ਿਲਕਾ ਨੇ ਬੀਤੀ ਰਾਤ ਇੱਕ ਸਾਂਝੇ ਆਪ੍ਰੇਸ਼ਨ ਦੌਰਾਨ ਹਥਿਆਰਾਂ ਅਤੇ ਗੋਲਾ ਬਾਰੂਦ ਦੀ ਇੱਕ ਵੱਡੀ ਖੇਪ ਬਰਾਮਦ ਕਰਦਿਆਂ 2 ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ । ਬੀ.ਐਸ.ਐਫ ਇੰਟੈਲੀਜੈਂਸ ਵਿੰਗ ਨੇ ਸੀ.ਆਈ.ਏ ਫਾਜ਼ਿਲਕਾ ਦੇ ਸਹਿਯੋਗ ਨਾਲ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਫਾਜ਼ਿਲਕਾ ਦੇ ਪਿੰਡ ਥੇਹ ਕਲੰਦਰ ਵਿੱਚ ਚਲਾਏ ਆਪ੍ਰੇਸ਼ਨ ਵਿਚ 16 ਪਿਸਤੌਲ, 38 ਮੈਗਜ਼ੀਨ, 1847 ਅਣਚਲੇ ਕਾਰਤੂਸ ਅਤੇ1 ਮੋਟਰਸਾਈਕਲ ਜ਼ਬਤ ਕਰਨ ਦੇ ਨਾਲ-ਨਾਲ, ਪਿੰਡ ਝੋਕ ਦੀਪੁਲਾਣਾ ਅਤੇ ਮਹਾਤਮ ਨਗਰ 2

ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ । ਇਸ ਮਹੱਤਵਪੂਰਨ ਕਾਰਵਾਈ ਨੇ ਪਾਕਿਸਤਾਨ ਦੇ ਵੱਡੇ ਨਸ਼ਾ ਤਸਕਰਾਂ ਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ । ਇਸੇ ਦੌਰਾਨ ਕੱਲ ਸੀਮਾ ਸੁਰੱਖਿਆ ਬਲ ਨੇ ਪੰਜਾਬ ਪੁਲਿਸ ਨਾਲ ਇੱਕ ਸਾਂਝੇ ਆਪ੍ਰੇਸ਼ਨ ਵਿੱਚ 27 ਪਿਸਤੌਲਾਂ ਅਤੇ 470 ਅਣਚਲੇ ਕਾਰਤੂਸਾਂ ਦੀ ਸਭ ਤੋਂ ਵੱਡੀ ਖੇਪ ਜ਼ਬਤ ਕਰਦਿਆਂ ਸਰਹੱਦ ਪਾਰ ਹਥਿਆਰਾਂ ਦੇ 2 ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਸੀ ।

---------------------------------------------------------

ਪੰਜਾਬ ਸਰਕਾਰ ਵੱਲੋਂ ਹੜ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਕਾਰਜ ਜੰਗੀ ਪੱਧਰ ‘ਤੇ ਚੱਲ ਰਹੇ ਨੇ । ਬਿਮਾਰੀਆਂ ਦੀ ਰੋਕਥਾਮ ਲਈ ਸਿਹਤ, ਵੈਟਰਨਰੀ ਤੇ ਹੋਰ ਵਿਭਾਗਾਂ ਦਾ ਸਮੁੱਚਾ ਅਮਲਾ ਦਿਨ-ਰਾਤ ਜੁਟਿਆ ਹੋਇਆ ਏ । ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਰੂਪਨਗਰ ਦੇ ਡਿਪਟੀ ਕਮਿਸਨਰ ਵਰਜੀਤ ਵਾਲੀਆ ਨਾਲ ਮੀਟਿੰਗ ਕਰਕੇ ਹੜਾਂ ਦੌਰਾਨ ਹੋਏ ਖਰਾਬੇ ਅਤੇ ਨੁਕਸਾਨ ਦੀ ਸਮੀਖਿਆ ਕੀਤੀ ਗਈ ਏ ਅਤੇ ਵਿਸ਼ੇਸ਼ ਗਿਰਦਾਵਰੀ ਦਾ ਕੰਮ 50 ਫੀਸਦੀ ਮੁਕੰਮਲ ਕਰਵਾ ਲਿਆ ਏ । ਉਨਾਂ ਦੱਸਿਆ ਕਿ ਮਲੇਰੀਆ ਤੇ ਹੋਰ ਬਿਮਾਰੀਆਂ ਦੇ ਖਤਰੇ ਨੂੰ ਦੇਖਦੇ ਹੋਏ ਫੋਗਿੰਗ ਮਸੀਨਾਂ ਇਲਾਕੇ ਵਿੱਚ ਭੇਜੀਆਂ ਜਾ ਰਹੀਆਂ ਨੇ ।

---------------------------------------------------------

ਹੜ੍ਹਾਂ ਦੀ ਮਾਰ ਨੇ ਸੂਬੇ ਦੇ ਹੋਰਨਾਂ ਜ਼ਿਲਿਆਂ ਸਮੇਤ ਜਿਲ੍ਹਾ ਪਠਾਨਕੋਟ ਦੇ ਕਾਫੀ ਪਿੰਡਾਂ ਨੂੰ ਪ੍ਰਭਾਵਿੱਤ ਕੀਤਾ ਅਤੇ ਲੋਕ ਹੋਲੀ ਹੋਲੀ ਹੜ੍ਹਾਂ ਦੀ ਮਾਰ ਤੋਂ ਬਾਹਰ ਆ ਰਹੇ ਨੇ । ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕੱਲ ਪਿੰਡ ਸਿਹੋੜਾ ਵਿਖੇ ਦਸਿਆ ਕਿ ਲੋਕਾਂ ਨੂੰ ਸੁਰੱਖਿਅਤ ਸਥਾਨਾਂ ਤੇ ਪਹੁੰਚਾਇਆ ਗਿਆ ਅਤੇ ਫਿਰ ਰਾਹਤ ਸਮੱਗਰੀ ਪਹੁੰਚਾਈ ਗਈ । ਵਿਸ਼ੇਸ਼ ਗਿਰਦਾਵਰੀਆਂ ਦਾ ਸਿਲਸਿਲਾ ਸੁਰੂ ਕੀਤਾ ਗਿਆ ਜੋ ਇੱਕ ਹਫਤੇ ਦੇ ਅੰਦਰ ਅੰਦਰ ਮੁਕੰਮਲ ਕਰ ਲਿਆ ਜਾਵੇਗਾ।

BYTE

---------------------------------------------------------

ਰਾਵੀ ਦਰਿਆ ਨਾਲ ਲੱਗਦੇ ਅਜਨਾਲਾ ਖੇਤਰ ਦੇ 195 ਪਿੰਡ ਹੜ੍ਹਾਂ ਦੀ ਮਾਰ ਹੇਠ ਆਉਣ ਨਾਲ ਆਂਗਨਵਾੜੀ ਸੈਂਟਰ ਬੰਦ ਹੋ ਗਏ ਸਨ, ਜਿਸ ਕਰਕੇ ਹੜ੍ਹ ਪ੍ਰਭਾਵਿਤ ਖੇਤਰ ਦੀਆਂ ਗਰਭਵਤੀ ਔਰਤਾਂ ਨੂੰ ਮਿੱਠਾ ਖੁਰਾਕ ਘਰ ਘਰ ਤੱਕ ਮੁਹੱਈਆ ਕਾਰਵਾਈ ਜਾ ਰਹੀ ਏ । ਹੁਣ ਤੱਕ ਬਲਾਕ ਅਜਨਾਲਾ, ਚੌਗਾਵਾਂ ਅਤੇ ਬਾਬਾ ਬਕਾਲਾ ਦੇ 78 ਪਿੰਡਾਂ ਵਿੱਚ ਇਹ ਵੰਡ ਹੋ ਚੁਕੀ ਏ ਅਤੇ ਸਪਲਾਈ ਲਗਾਤਾਰ ਕੀਤੀ ਜਾ ਰਹੀ ਏ।

ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਜਿਲ੍ਹਾ ਪ੍ਰੋਗਰਾਮ ਅਫਸਰ ਸੁਮਨਦੀਪ ਕੌਰ ਦੀ ਅਗਵਾਈ ਹੇਠ ਆਂਗਨਵਾੜੀ ਵਰਕਰ ਘਰ ਘਰ ਜਾ ਕੇ ਲਾਭਪਾਤਰੀਆਂ ਨਾਲ ਰਾਬਤਾ ਕਾਇਮ ਕਰ ਰਹੀਆਂ

ਹਨ ਅਤੇ ਉਨ੍ਹਾਂ ਨੂੰ ਲੋੜ ਅਨੁਸਾਰ ਸਿਹਤ ਲਈ ਲੋੜੀਂਦੀ ਸਮੱਗਰੀ ਮੁਹੱਈਆ ਕਰਵਾਈ ਜਾ ਰਹੀ ਏ। ਜਿਲ੍ਹਾ ਪ੍ਰੋਗਰਾਮ ਅਫਸਰ ਸ੍ਰੀਮਤੀ ਸੁਮਨਦੀਪ ਕੌਰ ਨੇ ਦੱਸਿਆ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਕੁਲ 9596 ਲਾਭਪਾਤਰੀ ਨਾਲ ਟੀਮਾਂ ਲਗਾਤਾਰ ਸੰਪਰਕ ਬਣਾ ਰਹੀਆਂ ਨੇ।

---------------------------------------------------------

69ਵੀਆਂ ਅੰਤਰ ਸਕੂਲ ਜ਼ਿਲ੍ਹਾ ਖੇਡਾਂ ਰਾਈਫ਼ਲ ਸ਼ੂਟਿੰਗ ਦੇ ਖੇਡ ਮੁਕਾਬਲੇ, ਰੂਪਨਗਰ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਝੱਲੀਆਂ ਕਲਾਂ ਦੀ ਸ਼ੂਟਿੰਗ ਰੇਂਜ ਵਿੱਚ ਕਰਵਾਏ ਜਾ ਰਹੇ ਨੇ।

ਖੇਡਾਂ ਸੰਬਧੀ ਸਟੇਟ ਐਵਾਰਡੀ ਨਰਿੰਦਰ ਸਿੰਘ ਨੇ ਦੱਸਿਆ ਕਿ ਇਨ੍ਹਾਂ ਦੋ ਰੋਜ਼ਾ ਖੇਡਾਂ ਵਿੱਚ ਤਿੰਨਾਂ ਈਵੈਂਟਸ ਏਅਰ ਪਿਸਟਲ, ਪੀਪ ਸਾਈਟ ਏਅਰ ਰਾਈਫ਼ਲ ਅਤੇ ਓਪਨ ਸਾਇਟ ਏਅਰ ਰਾਈਫ਼ਲ ਸ਼ੂਟਿੰਗ ਦੇ ਵੱਖ-ਵੱਖ ਵਰਗਾਂ ਵਿਚ ਖਿਡਾਰੀਆਂ ਨੇ ਆਪਣੇ ਜੌਹਰ ਵਿਖਾਏ।

-----------------------------------------------------------